ਝਾਰਖੰਡ ਦੇ ਸੀ.ਐਮ. ਹੇਮੰਤ ਸੋਰੇਨ ਨੇ ਮਲਿਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ, 3 ਸਤੰਬਰ: ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਨੇ ਮੰਗਲਵਾਰ ਨੂੰ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨਾਲ ਮੁਲਾਕਾਤ ਕੀਤੀ। ਇਸ ਤੋਂ ਬਾਅਦ ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਵਿਰੋਧੀ ਗਠਜੋੜ 'ਇੰਡੀਆ' (ਇੰਡੀਅਨ ਨੈਸ਼ਨਲ ਡਿਵੈਲਪਮੈਂਟ ਇਨਕਲੂਸਿਵ ਅਲਾਇੰਸ) ਝਾਰਖੰਡ 'ਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਭਾਰੀ ਬਹੁਮਤ' ਨਾਲ ਜਿੱਤੇਗਾ। ਇਹ ਬੈਠਕ ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਚੰਪਾਈ ਸੋਰੇਨ ਦੇ ਭਾਰਤੀ ਜਨਤਾ ਪਾਰਟੀ (ਭਾਜਪਾ) 'ਚ ਸ਼ਾਮਲ ਹੋਣ ਤੋਂ ਕੁੱਝ ਦਿਨ ਬਾਅਦ ਹੋਈ ਹੈ। ਚੰਪਾਈ ਸੋਰੇਨ ਨੇ ਹਾਲ ਹੀ 'ਚ ਝਾਰਖੰਡ ਮੁਕਤੀ ਮੋਰਚਾ (ਜੇ.ਐਮ.ਐਮ.) ਦੇ ਮੌਜੂਦਾ ਕੰਮਕਾਜ 'ਤੇ ਸਵਾਲ ਉਠਾਉਂਦੇ ਹੋਏ ਅਸਤੀਫਾ ਦੇ ਦਿਤਾ ਸੀ। ਹੇਮੰਤ ਸੋਰੇਨ ਨੇ ਇੱਥੇ ਕਾਂਗਰਸ ਪ੍ਰਧਾਨ ਦੀ ਰਿਹਾਇਸ਼ 'ਤੇ ਖੜਗੇ ਅਤੇ ਗਾਂਧੀ ਨਾਲ ਮੁਲਾਕਾਤ ਕੀਤੀ। ਬੈਠਕ ਦੌਰਾਨ ਕਾਂਗਰਸ ਦੇ ਜਨਰਲ ਸਕੱਤਰ (ਸੰਗਠਨ) ਕੇ.ਸੀ. ਵੇਣੂਗੋਪਾਲ ਅਤੇ ਸੋਰੇਨ ਦੀ ਪਤਨੀ ਕਲਪਨਾ ਸੋਰੇਨ ਵੀ ਮੌਜੂਦ ਸਨ। ਸੋਰੇਨ ਨੇ ਇਸ ਮੁਲਾਕਾਤ ਨੂੰ ਇਕ ਸ਼ਿਸ਼ਟਾਚਾਰ ਮੁਲਾਕਾਤ ਦਸਿਆ ਪਰ ਸਮਝਿਆ ਜਾਂਦਾ ਹੈ ਕਿ ਇਸ ਸਾਲ ਦੇ ਅਖੀਰ 'ਚ ਹੋਣ ਵਾਲੀਆਂ ਰਾਜ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਬਾਰੇ ਵਿਚਾਰ-ਵਟਾਂਦਰੇ ਕੀਤੇ ਗਏ। ਰਾਹੁਲ ਨੇ ਇਕ ਫ਼ੇਸਬੁਕ ਪੋਸਟ 'ਚ ਮੁਲਾਕਾਤ ਦੀਆਂ ਤਸਵੀਰਾਂ ਸਾਂਝੀਆਂ ਕੀਤੀਆਂ ਅਤੇ ਲਿਖਿਆ, "ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਅਤੇ ਕਲਪਨਾ ਸੋਰੇਨ ਨਾਲ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਮੌਜੂਦਗੀ 'ਚ ਸ਼ਿਸ਼ਟਾਚਾਰ ਮੁਲਾਕਾਤ ਹੋਈ। 'ਇੰਡੀਆ' ਝਾਰਖੰਡ ਦੇ ਲੋਕਾਂ, ਗਰੀਬਾਂ ਅਤੇ ਆਦਿਵਾਸੀਆਂ ਦੇ ਉਥਾਨ ਅਤੇ ਅਧਿਕਾਰਾਂ ਲਈ ਇਕਜੁੱਟ ਹੈ। ਅਸੀਂ ਇਹ ਚੋਣ ਭਾਰੀ ਬਹੁਮਤ ਨਾਲ ਜਿੱਤਾਂਗੇ।"ਖੜਗੇ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਇਕ ਪੋਸਟ 'ਚ ਝਾਰਖੰਡ ਵਿਧਾਨ ਸਭਾ ਚੋਣਾਂ 'ਚ ਜਿੱਤ ਦਾ ਦਾਅਵਾ ਵੀ ਕੀਤਾ। ਉਨ੍ਹਾਂ ਕਿਹਾ, "ਝਾਰਖੰਡ 'ਚ 'ਇੰਡੀਆ' ਜਿੱਤੇਗਾ। ਰਾਹੁਲ ਗਾਂਧੀ ਨੇ ਅੱਜ ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਨਾਲ ਮੁਲਾਕਾਤ ਕੀਤੀ। ਅਸੀਂ ਝਾਰਖੰਡ 'ਚ ਸਮਾਜਕ ਨਿਆਂ ਅਤੇ ਸਮਾਜ ਦੇ ਸਾਰੇ ਵਰਗਾਂ ਦੇ ਆਰਥਕ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।"ਸੋਰੇਨ ਨੇ ਬਾਅਦ 'ਚ ਮੱਧ ਦਿੱਲੀ 'ਚ ਨਵੇਂ ਬਣੇ ਝਾਰਖੰਡ ਭਵਨ ਦਾ ਉਦਘਾਟਨ ਕੀਤਾ। ਖੜਗੇ ਅਤੇ ਰਾਹੁਲ ਗਾਂਧੀ ਨਾਲ ਮੁਲਾਕਾਤ ਬਾਰੇ ਪੁੱਛੇ ਜਾਣ 'ਤੇ ਝਾਰਖੰਡ ਦੇ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਿਰਫ ਇਕ ਸ਼ਿਸ਼ਟਾਚਾਰ ਮੁਲਾਕਾਤ ਸੀ ਅਤੇ ਚੋਣਾਂ 'ਤੇ ਕੋਈ ਚਰਚਾ ਨਹੀਂ ਹੋਈ। ਉਨ੍ਹਾਂ ਕਿਹਾ, "ਅਸੀਂ ਇਕੱਠੇ ਬੈਠਾਂਗੇ ਅਤੇ ਇਸ ਮੁੱਦੇ 'ਤੇ ਚਰਚਾ ਕਰਾਂਗੇ।" ਕਾਂਗਰਸ ਅਤੇ ਜੇ.ਐਮ.ਐਮ. ਸੂਬੇ 'ਚ ਗਠਜੋੜ ਸਰਕਾਰ ਦਾ ਹਿੱਸਾ ਹਨ।

(ਪੀਟੀਆਈ)

ਮਮਤਾ ਨੇ ਜਬਰ ਜਨਾਹ ਵਿਰੋਧੀ ਬੇਅਸਰ ਕਾਨੂੰਨਾਂ ਨੂੰ ਲੈ ਕੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਤੋਂ ਅਸਤੀਫਾ ਮੰਗਿਆ

ਕੋਲਕਾਤਾ, 3 ਸਤੰਬਰ: ਪਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਮੰਗਲਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਸ਼ਾਸਿਤ ਸਾਰੇ ਸੂਬਿਆਂ ਦੇ ਮੁੱਖ ਮੰਤਰੀਆਂ ਦੇ ਅਸਤੀਫੇ ਦੀ ਮੰਗ ਕੀਤੀ ਜੋ 'ਔਰਤਾਂ ਦੀ ਰਾਖੀ ਲਈ ਬੇਅਸਰ ਕਾਨੂੰਨ ਲਾਗੂ ਨਹੀਂ ਕਰ ਸਕੇ ਹਨ' 'ਅਪਰਾਜਿਤਾ ਮਹਿਲਾ ਅਤੇ ਬਾਲ ਬਿਲ (ਪਛਮੀ ਬੰਗਾਲ ਅਪਰਾਧਕ ਕਾਨੂੰਨ ਅਤੇ ਸੋਧ) 2024' ਪੇਸ਼ ਕਰਨ ਤੋਂ ਬਾਅਦ ਵਿਧਾਨ ਸਭਾ 'ਚ ਬੋਲਦਿਆਂ ਬੈਨਰਜੀ ਨੇ ਕਿਹਾ ਕਿ ਇਸ ਬਿਲ ਦਾ ਉਦੇਸ਼ ਤੇਜ਼ੀ ਨਾਲ ਜਾਂਚ, ਜਲਦੀ ਨਿਆਂ ਅਤੇ ਦੋਸ਼ੀਆਂ ਦੀ ਸਜ਼ਾ ਵਧਾਉਣਾ ਹੈ। ਸਦਨ 'ਚ ਉਸ ਸਮੇਂ ਹੰਗਾਮਾ ਹੋਇਆ ਜਦੋਂ ਭਾਜਪਾ ਵਿਧਾਇਕਾਂ ਨੇ ਆਰ.ਜੀ. ਕਰ ਮੈਡੀਕਲ ਕਾਲਜ ਅਤੇ ਹਸਪਤਾਲ 'ਚ ਇਕ ਡਾਕਟਰ ਨਾਲ ਕਥਿਤ ਜਬਰ ਜਨਾਹ ਅਤੇ ਕਤਲ ਦੇ ਮੁੱਦੇ 'ਤੇ ਮੁੱਖ ਮੰਤਰੀ ਦੇ ਅਸਤੀਫੇ ਦੀ ਮੰਗ ਕਰਦਿਆਂ ਨਾਅਰੇਬਾਜ਼ੀ ਕੀਤੀ। ਬੈਨਰਜੀ ਨੇ ਬਿਲ ਨੂੰ ਪਾਸ ਕਰਨ 'ਚ ਰੁਕਾਵਟ ਪਾਉਣ ਲਈ ਵਿਰੋਧੀ ਧਿਰ ਦੇ ਨੇਤਾ ਸ਼ੁਭੇਂਦੂ ਅਧਿਕਾਰੀ ਦੇ ਅਸਤੀਫੇ ਦੀ ਵੀ ਮੰਗ ਕੀਤੀ।

ਕੇਂਦਰ ਸਰਕਾਰ ਵਲੋਂ 23ਵੇਂ ਕਾਨੂੰਨ ਕਮਿਸ਼ਨ ਦਾ ਗਠਨ, 3 ਸਾਲ ਦਾ ਹੋਵੇਗਾ ਕਾਰਜਕਾਲ

ਨਵੀਂ ਦਿੱਲੀ, 3 ਸਤੰਬਰ: ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਾਰਤ ਦੇ 23ਵੇਂ ਕਾਨੂੰਨ ਕਮਿਸ਼ਨ ਦੇ ਗਠਨ ਨੂੰ ਮਨਜ਼ੂਰੀ ਦੇ ਦਿਤੀ ਹੈ। ਇਸ ਦਾ ਕਾਰਜਕਾਲ 1 ਸਤੰਬਰ 2024 ਤੋਂ 31 ਅਗੱਸਤ 2027 ਤਕ ਹੋਵੇਗਾ।ਸੋਮਵਾਰ ਦੇਰ ਰਾਤ ਜਾਰੀ ਕਾਨੂੰਨ ਮੰਤਰਾਲੇ ਦੇ ਹੁਕਮਾਂ ਅਨੁਸਾਰ, ਪੈਨਲ 'ਚ ਚਾਰ ਫੁੱਲ-ਟਾਈਮ ਮੈਂਬਰ ਹੋਣਗੇ, ਜਿਨ੍ਹਾਂ 'ਚ ਇਕ ਫੁੱਲ-ਟਾਈਮ ਚੇਅਰਪਰਸਨ ਅਤੇ ਮੈਂਬਰ-ਸਕੱਤਰ ਸ਼ਾਮਲ ਹਨ।ਇਸ 'ਚ ਸੁਪਰੀਮ ਕੋਰਟ ਅਤੇ ਹਾਈ ਕੋਰਟ ਦੇ ਸੇਵਾਮੁਕਤ ਜੱਜ ਇਸ ਦੇ ਪ੍ਰਧਾਨ ਅਤੇ ਮੈਂਬਰ ਹੋਣਗੇ। 22ਵੇਂ ਲਾਅ ਪੈਨਲ ਦਾ ਕਾਰਜਕਾਲ 31 ਅਗੱਸਤ ਨੂੰ ਖਤਮ ਹੋ ਗਿਆ ਸੀ। ਸਰਕਾਰ ਨੇ ਤਿੰਨ ਸਾਲਾਂ ਲਈ 21 ਫ਼ਰਵਰੀ 2020 ਨੂੰ 22ਵੇਂ ਕਮਿਸ਼ਨ ਦਾ ਗਠਨ ਕੀਤਾ ਸੀ। ਜਸਟਿਸ ਅਵਸਥੀ ਨੇ 9 ਨਵੰਬਰ 2022 ਨੂੰ ਚੇਅਰਮੈਨ ਦੇ ਅਹੁਦੇ ਦਾ ਚਾਰਜ ਸੰਭਾਲਿਆ ਸੀ। ਕੇਂਦਰੀ ਕੈਬਨਿਟ ਨੇ ਅਪਣਾ ਕਾਰਜਕਾਲ 22 ਫ਼ਰਵਰੀ 2023 ਤਕ ਵਧਾ ਦਿਤਾ ਸੀ। ਅਜ਼ਾਦੀ ਤੋਂ ਬਾਅਦ ਭਾਰਤ 'ਚ ਪਹਿਲਾ ਕਾਨੂੰਨ ਕਮਿਸ਼ਨ 1955 'ਚ ਸਥਾਪਿਤ ਕੀਤਾ ਗਿਆ ਸੀ, ਉਦੋਂ ਤੋਂ ਹੁਣ ਤਕ 22 ਕਮਿਸ਼ਨਾਂ ਦਾ ਕਾਰਜਕਾਲ ਪੂਰਾ ਹੋ ਚੁੱਕਾ ਹੈ। ਉਨ੍ਹਾਂ ਦਾ ਕੰਮ ਗੁੰਝਲਦਾਰ ਕਾਨੂੰਨੀ ਮੁੱਦਿਆਂ 'ਤੇ ਸਰਕਾਰ ਨੂੰ ਸਲਾਹ ਦੇਣਾ ਹੈ। 22ਵੇਂ ਕਮਿਸ਼ਨ ਨੇ ਕਈ ਮਾਮਲਿਆਂ 'ਤੇ ਸਰਕਾਰ ਨੂੰ ਸੁਝਾਅ ਦਿਤੇ ਹਨ। ਇਸ 'ਚ ਵਨ ਨੇਸ਼ਨ-ਵਨ ਇਲੈਕਸ਼ਨ, ਪੋਕਸੋ ਐਕਟ ਅਤੇ ਅੌਨਲਾਈਨ ਐਫ.ਆਈ.ਆਰ. ਅਤੇ ਯੂਨੀਫਾਰਮ ਸਿਵਲ ਕੋਡ (ਯੂਸੀਸੀ) ਵਰਗੇ ਮੁੱਦੇ ਸ਼ਾਮਲ ਹਨ। ਯੂ.ਸੀ.ਸੀ. ਬਾਰੇ ਕਮਿਸ਼ਨ ਦੀ ਰੀਪੋਰਟ ਅਜੇ ਵੀ ਅਧੂਰੀ ਹੈ। ਵਨ ਨੇਸ਼ਨ, ਵਨ ਇਲੈਕਸ਼ਨ ਦੀ ਰੀਪੋਰਟ ਤਿਆਰ ਹੈ ਪਰ ਕਾਨੂੰਨ ਮੰਤਰਾਲੇ ਨੂੰ ਸੌਂਪੇ ਜਾਣ ਦੀ ਉਡੀਕ ਕੀਤੀ ਜਾ ਰਹੀ ਹੈ।ਸੇਵਾਮੁਕਤ ਜਸਟਿਸ ਰਿਤੂਰਾਜ ਅਵਸਥੀ 22ਵੇਂ ਕਾਨੂੰਨ ਕਮਿਸ਼ਨ ਦੇ ਚੇਅਰਮੈਨ ਸਨ, ਜਿਨ੍ਹਾਂ ਨੂੰ ਭ੍ਰਿਸ਼ਟਾਚਾਰ ਵਿਰੋਧੀ ਨਿਗਰਾਨ ਲੋਕਪਾਲ ਦਾ ਮੈਂਬਰ ਵੀ ਨਿਯੁਕਤ ਕੀਤਾ ਗਿਆ ਸੀ।14 ਜੂਨ 2023 ਨੂੰ ਲਾਅ ਕਮਿਸ਼ਨ ਨੇ ਯੂ.ਸੀ.ਸੀ. 'ਤੇ ਆਮ ਲੋਕਾਂ ਅਤੇ ਸੰਸਥਾਵਾਂ ਤੋਂ ਸੁਝਾਅ ਮੰਗੇ ਸਨ। ਕਮਿਸ਼ਨ ਦਾ ਮੰਨਣਾ ਹੈ ਕਿ ਇਹ ਮੁੱਦਾ ਦੇਸ਼ ਦੇ ਹਰ ਨਾਗਰਿਕ ਨਾਲ ਜੁੜਿਆ ਹੋਇਆ ਹੈ, ਇਸ ਲਈ ਕੋਈ ਵੀ ਫੈਸਲਾ ਲੈਣ ਤੋਂ ਪਹਿਲਾਂ ਉਨ੍ਹਾਂ ਦੀ ਰਾਏ ਜਾਣਨੀ ਜ਼ਰੂਰੀ ਹੈ। ਕਮਿਸ਼ਨ ਨੂੰ 46 ਲੱਖ ਤੋਂ ਵੱਧ ਸੁਝਾਅ ਮਿਲੇ ਸਨ। ਫਿਰ ਲਾਅ ਕਮਿਸ਼ਨ ਦੇ ਚੇਅਰਮੈਨ ਜਸਟਿਸ ਰਿਤੂਰਾਜ ਅਵਸਥੀ ਦਾ ਬਿਆਨ ਵੀ ਸਾਹਮਣੇ ਆਇਆ। ਉਨ੍ਹਾਂ ਕਿਹਾ ਸੀ- ਯੂ.ਸੀ.ਸੀ. ਕੋਈ ਨਵਾਂ ਮੁੱਦਾ ਨਹੀਂ ਹੈ। ਅਸੀਂ ਸਲਾਹ-ਮਸ਼ਵਰੇ ਦੀ ਪ੍ਰਕਿਰਿਆ ਵੀ ਸ਼ੁਰੂ ਕਰ ਦਿਤੀ ਹੈ। ਇਸ ਦੇ ਲਈ ਕਮਿਸ਼ਨ ਨੇ ਆਮ ਲੋਕਾਂ ਤੋਂ ਰਾਏ ਮੰਗੀ ਹੈ। (ਏਜੰਸੀ)

MODERN STEELS LIMITED
CIN: L27109PB1973PLC003358
Corporate Office: SCO 98-99, Sub City Centre, Sector 34, Chandigarh-160022
Registered Office : G.T. Road, Mandi Gobindgarh (Punjab)-147301
Email: secretarial@modernsteels.com, Website: www.modernsteels.com

NOTICE

Notice is hereby given that the 50th Annual General Meeting of the members of the Company will be held on Friday, the 27th September, 2024 at 02.00 p.m. through Video Conferencing / Other Audio Visual Means.

The Notice and Annual Report of 50th Annual General meeting of the Company have been sent to the members in the permitted mode. Those members who have registered their email addresses with the Company/Depository Participants have been sent such documents in electronic mode. Pursuant to MCA circular 09/2023 dated 25th September, 2023 and SEBI circular SEBI/HC>/CFD/CFD-PoD-2/P/CIR/2023/167 dated 07th October, 2023, the physical copies of the Annual Report for the financial year 2023-24 are not being sent to the members. The Notice and full Annual Report is also displayed on the Company's website at www.modernsteels.com and on NSDL website www.evoting.nsdl.com

Book closure:
Pursuant to Regulation 42 of the SEBI (Listing Obligations and Disclosure Requirements) Regulations, 2015 and Section 91 of the Companies Act, 2013, the Register of Members and Share Transfer Books of the Company will remain closed from Saturday, 21st September, 2024 to Friday, 27th September, 2024 (both days inclusive) for the purpose of Annual General Meeting.

Remote e-voting:
Pursuant to provisions of Section 108 of the Companies Act, 2013, Rule 20 of the Companies (Management & Administration) Rules, 2014 as amended by the Companies (Management and Administration) Amendment Rules, 2015 and Regulation 44 of the SEBI (Listing Obligations and Disclosure Requirements) Regulations, 2015, the Company is pleased to provide its Members the electronic facility for transacting all the items of business mentioned in the notice through NSDL, which will commence on Tuesday, 24th September, 2024 at 09:00 A.M. and ends on Thursday, 26th September, 2024 at 05:00 P.M. During this period, shareholders of the Company, holding shares either in physical form or in dematerialized form, as on the cut-off date i.e. 20th September, 2024 may cast their vote electronically. The remote e-voting shall be disabled by NSDL, beyond the said date and time.

Any person who acquires shares of the Company and becomes member of the Company after dispatch of the Notice of AGM and holding shares as on the cut-off date i.e. 20th September, 2024 may obtain the login id and password by sending request at e evoting@nsdl.co.in. However, if a person is already registered with NSDL for remote e-voting then existing user id and password can be used for casting vote.

Members may participate in AGM even after exercising right to vote by remote e-voting but shall not be entitled to vote again at the AGM. The voting rights of the members shall be in proportion to the equity shares held by them as on the cut-off date.

A person whose name is recorded in the register of members or in the register of beneficial owners maintained by the depositories as on the cut-off date only shall be entitled to avail facility of remote e-voting.

For electronic voting instructions, Members may go through the instructions mentioned after Note No. 23 of AGM Notice or contact National Securities Depository Limited, Trade World, 'A' Wing, 4th Floor, Kamala Mills Compound, Senapati Bapat Marg, Lower Parel, Mumbai at email Id:evoting@nsdl.co.in or Phone No.:1800-22-44-30/1800-1020-990 who will address the shareholders grievances connected with the e-voting.

By order of the Board of Directors
For Modern Steels Limited
Sd/-
Deepa
Company Secretary

Place: Chandigarh
Dated: 3rd September, 2024

ਚੰਡੀਗੜ੍ਹ ਵਿਖੇ ਰੋਸ ਪ੍ਰਦਰਸ਼ਨ ਦੌਰਾਨ ਲੱਖਾ ਸਿਧਾਨਾ ਤੇ ਸਾਥੀਆਂ ਨੂੰ ਥਾਣੇ 'ਚ ਕੀਤਾ ਨਜ਼ਰਬੰਦ

ਚੰਡੀਗੜ੍ਹ, 3 ਸਤੰਬਰ (ਸਸਸ): ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਇਜਲਾਸ ਦੌਰਾਨ ਜਦੋਂ ਸਮਾਜ ਸੇਵੀ ਲੱਖਾ ਸਿਧਾਨਾ ਸਮੇਤ ਕਈ ਲੋਕ ਚੰਡੀਗੜ੍ਹ ਵਿਚ ਰੋਸ ਪ੍ਰਦਰਸ਼ਨ ਕਰਨ ਲਈ ਪੁੱਜੇ ਤਾਂ ਪੁਲਿਸ ਨੇ ਉਨ੍ਹਾਂ ਨੂੰ ਰੋਕ ਲਿਆ। ਪੁਲਿਸ ਨਾਲ ਹੋਈ ਤਕਰਾਰ ਤੋਂ ਬਾਅਦ ਆਖਿਰਕਾਰ ਪੁਲਿਸ ਨੇ ਲੱਖਾ ਸਿਧਾਨਾ ਸਮੇਤ 5 ਵਿਅਕਤੀਆਂ ਨੂੰ ਥਾਣੇ 'ਚ ਨਜ਼ਰਬੰਦ ਕਰ ਦਿਤਾ। ਉਨ੍ਹਾਂ ਨੂੰ ਹਿਰਾਸਤ 'ਚ ਕਾਲੇ ਪਾਣੀ ਦੇ ਮੋਰਚਾ ਦਾ ਮੁੱਦਾ ਚੁੱਕਣ ਲਈ ਲਿਆ ਸੀ। ਸੈਸ਼ਨ ਦੇ ਬਾਹਰ ਪ੍ਰਦਰਸ਼ਨ ਕਰਦੇ ਮੋਰਚੇ ਦੇ ਆਗੂ ਅਮਿਤੋਜ ਮਾਨ, ਜਸਕੀਰਤ ਸਿੰਘ, ਲੱਖਾ ਸਿਧਾਨਾ ਕੁਲਦੀਪ ਸਿੰਘ ਖਹਿਰਾ, ਭੁਪਿੰਦਰ ਅਤੇ ਬਲਵਿੰਦਰ ਸਿੰਘ ਨੂੰ ਚੰਡੀਗੜ੍ਹ ਦੇ ਸੈਕਟਰ 3 ਦੇ ਥਾਣੇ ਵਿਚ ਰਖਿਆ ਗਿਆ ਸੀ ਮਗਰੋਂ ਇਨ੍ਹਾਂ ਨੂੰ ਰਿਹਾਅ ਕਰ ਦਿਤਾ। ਦੱਸ ਦੇਈਏ ਕਿ ਇਹ ਬੁੱਢੇ ਦਰਿਆ ਦੇ ਕਾਲੇ ਪਾਣੀ ਨੂੰ ਲੈ ਕੇ ਰੋਸ ਪ੍ਰਦਰਸ਼ਨ ਕਰ ਰਹੇ ਸਨ। ਮਿਲੀ ਜਾਣਕਾਰੀ ਅਨੁਸਾਰ ਹੁਣ ਲੱਖਾ ਸਿਧਾਨਾ ਅਤੇ ਉਸ ਦੇ ਸਾਥੀਆਂ ਨੂੰ ਰਿਹਾਅ ਕਰ ਦਿਤਾ ਗਿਆ ਹੈ।

ਮਗਰੋਂ ਕੀਤਾ ਰਿਹਾਅ

ਪੁਣੇ 'ਚ ਗਣਪਤੀ ਉਤਸਵ ਲਈ ਪੰਡਾਲ ਵਜੋਂ ਬਣਾਈ ਜਾ ਰਹੀ ਹੈ ਸ੍ਰੀ ਹਰਿਮੰਦਰ ਸਾਹਿਬ ਦੀ ਨਕਲ !

ਅੰਮ੍ਰਿਤਸਰ, 3 ਸਤੰਬਰ (ਸਸਸ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮਹਾਰਾਸ਼ਟਰ ਦੇ ਪੁਣੇ ਦੇ ਕੈਂਪ ਖੇਤਰ 'ਚ ਗਣਪਤੀ ਉਤਸਵ ਲਈ ਸ੍ਰੀ ਹਰਿਮੰਦਰ ਸਾਹਿਬ ਦੀ ਨਕਲ ਕਰਨ ਵਾਲੇ ਪੰਡਾਲ ਦੀ ਉਸਾਰੀ ਦਾ ਸਖ਼ਤ ਨੋਟਿਸ ਲਿਆ ਹੈ। ਉਨ੍ਹਾਂ ਨੇ ਇਸ ਨੂੰ ਸਿੱਖ ਭਾਵਨਾਵਾਂ ਭੜਕਾਉਣ ਦੀ ਕਾਰਵਾਈ ਕਰਾਰ ਦਿਤਾ ਹੈ। ਐਡਵੋਕੇਟ ਧਾਮੀ ਨੇ ਦਸਿਆ ਕਿ ਪੁਣੇ ਸਿੱਖ ਸੰਗਤ ਤੋਂ ਮਿਲੀ ਜਾਣਕਾਰੀ ਅਨੁਸਾਰ ਇਹ ਪੰਡਾਲ ਪੁਣੇ ਸ਼ਹਿਰ ਦੇ ਕੈਂਪ ਖੇਤਰ 'ਚ ਗਣਪਤੀ ਪੂਜਾ ਲਈ ਬਣਾਇਆ ਗਿਆ ਹੈ, ਜੋ ਬਿਲਕੁਲ ਸ੍ਰੀ ਹਰਿਮੰਦਰ ਸਾਹਿਬ ਦੀ ਤਰਜ਼ 'ਤੇ ਹੈ।ਉਨ੍ਹਾਂ ਕਿਹਾ ਕਿ ਪੁਣੇ ਦੀ ਸਿੱਖ ਸੰਗਤ ਅਨੁਸਾਰ ਸ਼ਹਿਰ ਦੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਕੈਂਪ ਏਰੀਆ ਦੀ ਪ੍ਰਬੰਧਕ ਕਮੇਟੀ ਇਸ ਕੰਮ ਵਿਚ ਮੋਹਰੀ ਭੂਮਿਕਾ ਨਿਭਾ ਰਹੀ ਹੈ, ਜੋ ਕਿ ਹੋਰ ਵੀ ਦੁਖਦਾਈ ਹੈ। ਉਨ੍ਹਾਂ ਕਿਹਾ, "ਕੁੱਝ ਲੋਕ ਜਾਣਬੁਝ ਕੇ ਇਤਿਹਾਸਕ ਸਿੱਖ ਪਵਿੱਤਰ ਸਥਾਨਾਂ ਦੀ ਨਕਲ ਕਰਦੇ ਹਨ, ਜਿਸ ਨਾਲ ਭਾਈਚਾਰੇ ਦੀਆਂ ਧਾਰਮਕ ਭਾਵਨਾਵਾਂ ਨੂੰ ਠਸ ਪਹੁਚਦੀ ਹੈ।" ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਹ ਕਾਰਵਾਈ ਸਿੱਖ ਪਰੰਪਰਾਵਾਂ, ਰੀਤੀ-ਰਿਵਾਜਾਂ ਅਤੇ ਸਿਧਾਂਤਾਂ ਦੇ ਵਿਰੁਧ ਹੈ ਅਤੇ ਇਸ ਨਾਲ ਸਿੱਖ ਭਾਈਚਾਰੇ ਦੀਆਂ ਧਾਰਮਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਉਨ੍ਹਾਂ ਕਿਹਾ, "ਸ੍ਰੀ ਹਰਿਮੰਦਰ ਸਾਹਿਬ ਦੀ ਨਕਲ ਨਹੀਂ ਕੀਤੀ ਜਾ ਸਕਦੀ। ਜਿਨ੍ਹਾਂ ਨੇ ਅਜਿਹਾ ਕੀਤਾ, ਉਨ੍ਹਾਂ ਨੂੰ ਸਿੱਖ ਪਰੰਪਰਾਵਾਂ, ਵਿਸ਼ਵਾਸਾਂ ਅਤੇ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਸਮਝਣਾ ਚਾਹੀਦਾ ਸੀ।"ਐਡਵੋਕੇਟ ਧਾਮੀ ਨੇ ਦਸਿਆ ਕਿ ਇਸ ਸਬੰਧੀ ਸ਼੍ਰੋਮਣੀ ਕਮੇਟੀ ਵਲੋਂ ਜਾਂਚ ਲਈ ਟੀਮ ਪੁਣੇ ਭੇਜੀ ਜਾ ਰਹੀ ਹੈ। ਉਨ੍ਹਾਂ ਮੌਜੂਦਾ ਸਮੇਂ 'ਚ ਅਜਿਹੀਆਂ ਸਿੱਖ ਵਿਰੋਧੀ ਗਤੀਵਿਧੀਆਂ 'ਤੇ ਵੀ ਚਿੰਤਾ ਜ਼ਾਹਰ ਕੀਤੀ ਅਤੇ ਸਥਾਨਕ ਗੁਰਦੁਆਰਾ ਕਮੇਟੀਆਂ ਨੂੰ ਅਜਿਹੀਆਂ ਗਤੀਵਿਧੀਆਂ ਨੂੰ ਮੌਕੇ 'ਤੇ ਰੋਕਣ ਦੀ ਕੋਸ਼ਿਸ਼ ਕਰਨ ਅਤੇ ਇਸ 'ਚ ਭਾਗੀਦਾਰ ਨਾ ਬਣਨ ਲਈ ਕਿਹਾ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਮਾਮਲੇ ਦੀ ਜਾਂਚ ਕੀਤੀ ਜਾਵੇਗੀ ਅਤੇ ਜੇਕਰ ਗੁਰਦੁਆਰਾ ਕਮੇਟੀ ਵੀ ਦੋਸ਼ੀ ਪਾਈ ਗਈ ਤਾਂ ਅਗਲੇਰੀ ਕਾਰਵਾਈ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪੱਤਰ ਭੇਜਿਆ ਜਾਵੇਗਾ। ਉਨ੍ਹਾਂ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਅਜਿਹੇ ਮਾਮਲੇ ਤੁਰਤ ਸਿੱਖ ਜਥੇਬੰਦ